ਪੰਜਾਬ ਪੰਜਾਬੀਅਤ ਦਾ ਪਹਿਰੇਦਾਰ ਜਰਮਨ
Punjab ਮੀਡੀਆ ਪੰਜਾਬ German
ਜਰਮਨ ਅਤੇ ਪੰਜਾਬ ਤੋਂ ਪੰਜਾਬੀ ਦਾ ਰੋਜ਼ਾਨਾ ਇੰਟਰਨੈੱਟ ਅਖ਼ਬਾਰ
Chief Editor: Gurdish Pal Kaur Bajwa Managing Editor: Baldev Singh Bajwa Editor (India): Kulbir Singh Saini
German: +49 (0) 172-9801371 Fax: +49 (0) 1803551828454 India : + 91 - 98156 - 00810 Fax : + 91 (0) 181 - 4610810

Sunday, August 05, 2007 21:47:56

# ਪੰਥ ਰਤਨ' ਦੀ ਉਪਾਧੀ ਸੇਵਾ ਸਿਮਰਨ ਤੇ ਮਹਾਨ ਘਾਲਣਾ ਉਪਰੰਤ ਹੀ ਪ੍ਰਾਪਤ ਹੁੰਦੀ ਹੈ- *ਜਥੇ: ਅਵਤਾਰ ਸਿੰਘ*



ਅੰਮ੍ਰਿਤਸਰ: ੪ ਅਗਸਤ (ਜਸਬੀਰ ਸਿੰਘ ਸੱਗੂ)- 'ਪੰਥ ਰਤਨ' ਦਾ ਖਿਤਾਬ ਸਿੱਖ ਜਗਤ ਦੀ ਬੜੀ ਮਹੱਤਵਪੂਰਨ ਤੇ ਸਰਬਉੱਚ ਉਪਾਧੀ ਹੈ ਜੋ ਬੜੀ ਘਾਲਣਾ ਤੇ ਨਿਸ਼ਕਾਮ ਸੇਵਾ ਨਾਲ ਪ੍ਰਾਪਤ ਹੁੰਦੀ ਹੈ। ਭਾਈ ਜਸਬੀਰ ਸਿੰਘ ਖਾਲਸਾ ਨੇ ਜੀਵਨ ਭਰ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਵੱਡੀ ਸੇਵਾ ਕੀਤੀ ਹੈ ਅਤੇ ਸਿੱਖ ਪੰਥ ਲਈ ਨਿਸ਼ਕਾਮ ਸੇਵਾ, ਸਮਰਪਣ ਆਖਰੀ ਸਾਹਾਂ ਤੀਕ ਨਿਭਾਇਆ ਹੈ। ਜਿਸ ਦੇ ਸਨਮਾਨ ਵਜੋਂ ਸਿੱਖ ਜਗਤ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਜਿਹੇ ਮਹਾਨ ਸਿੱਖ ਨੂੰ ਪੰਥ ਰਤਨ ਦੀ ਉਪਾਧੀ ਪ੍ਰਦਾਨ ਕਰਕੇ ਫਖਰ ਤੇ ਮਾਣ ਮਹਿਸੂਸ ਕਰਦੀ ਹੈ।

ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਭਾਈ ਜਸਬੀਰ ਸਿੰਘ ਖਾਲਸਾ ਨੂੰ 'ਪੰਥ ਰਤਨ' ਦੀ ਉਪਾਧੀ ਪ੍ਰਦਾਨ ਕਰਨ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਯੋਜਿਤ ਸਮਾਗਮ ਦੌਰਾਨ ਜੁੜੀਆਂ ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਲੋਂ ਪਤਿਤਪੁਣਾ, ਨਸ਼ੇ, ਏਡਜ਼ ਤੇ ਭਰੂਣ ਹੱਤਿਆ ਵਰਗੀਆਂ ਸਮਾਜਿਕ ਬੁਰਾਈਆਂ ਅਤੇ ਦੰਭੀ, ਪਾਖੰਡੀ ਤੇ ਫਰੇਬੀ ਸਾਧ ਵਿਰੁੱਧ ਲਹਿਰ ਵਿੱਢੀ ਹੋਈ ਹੈ, ਅਜਿਹੇ ਸਮੇਂ ਭਾਈ ਸਾਹਿਬ ਦਾ ਸਾਥ ਛੱਡ ਜਾਣ ਨਾਲ ਇਸ ਪ੍ਰਚਾਰ ਲਹਿਰ ਵਿਚ ਵੱਡਾ ਖਲਾਅ ਪੈਦਾ ਹੋ ਗਿਆ ਹੈ ਜੋ ਭਰਨ ਲੱਗਿਆਂ ਸਮਾਂ ਲੱਗੂ।

ਉਨ੍ਹਾਂ ਕਿਹਾ ਕਿ ਭਾਈ ਸਾਹਿਬ ਦੀਆਂ ਸਿੱਖ ਪੰਥ ਪ੍ਰਤੀ ਸ਼ਾਨਦਾਰ ਸੇਵਾਵਾਂ ਬਦਲੇ ਪ੍ਰਦਾਨ ਕੀਤੀ 'ਪੰਥ ਰਤਨ' ਦੀ ਉਪਾਧੀ ਕੀਰਤਨ ਦੇ ਖੇਤਰ ਵਿਚ ਸੇਵਾ ਨਿਭਾਉਣ ਵਾਲਿਆਂ ਲਈ ਪ੍ਰੇਰਨਾ ਸ੍ਰੋਤ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਇਹ ਉਪਾਧੀ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਸਵ: ਮਾਸਟਰ ਤਾਰਾ ਸਿੰਘ ਅਤੇ ਜਥੇ: ਗੁਰਚਰਨ ਸਿੰਘ ਟੌਹੜਾ ਨੂੰ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਸ ਮੌਕੇ ਜਥੇਦਾਰ ਅਵਤਾਰ ਸਿੰਘ ਨੇ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਨਿਸ਼ਕਾਮ ਤੇ ਗੁਰੂ ਨੂੰ ਸਮਰਪਿਤ ਹੋ ਕੇ ਵਿਲੱਖਣ ਸੇਵਾ ਨਿਭਾਉਣ ਵਾਲੇ ਪ੍ਰਚਾਰਕਾਂ ਨੂੰ ਉਨ੍ਹਾਂ ਨੂੰ ਹਰ ਸਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 'ਭਾਈ ਗੁਰਦਾਸ' ਅਵਾਰਡ ਅਤੇ ਜਿਹੜੇ ਕੀਰਤਨੀਏ ਸਿੰਘ ਗੁਰੂ ਸ਼ਬਦ ਦੇ ਕੀਰਤਨ ਨਾਲ ਸੰਗਤਾਂ ਨੂੰ ਗੁਰੂ ਨਾਲ ਜੋੜਨ ਦੀ ਨਿਸ਼ਕਾਮ ਤੇ ਅਹਿਮ ਸੇਵਾ ਨਿਭਾਉਣਗੇ ਨੂੰ 'ਭਾਈ ਮਰਦਾਨਾ' ਐਵਾਰਡ ਨਾਲ ਸਨਮਾਨਤ ਕੀਤੇ ਜਾਣ ਦਾ ਐਲਾਨ ਕੀਤਾ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ ਜੀ ਨੇ ਕਿਹਾ ਕਿ ਖਾਲਸਾ ਜੀ ਅਜਿਹੇ ਮਹਾਨ ਤੇ ਨਿਸ਼ਕਾਮ ਕੀਰਤਨੀਏ ਸਨ ਕਿ ਉਹ ਖੁਦ ਸ਼ਬਦ ਗੁਰੂ ਨਾਲ ਜੁੜੇ ਹੋਏ ਸਨ ਤੇ ਬਹੁਤ ਸੰਗਤਾਂ ਨੂੰ ਸ਼ਬਦ ਗੁਰੂ ਨਾਲ ਜੋੜਿਆ ਅਤੇ ਕੀਰਤਨ ਰਾਹੀਂ ਪਾਵਨ ਬਾਣੀ ਦੇ ਰਸ ਦਾ ਅਨੰਦ ਮਾਨਣ ਦਾ ਸਮਾਂ ਮੁਹੱਈਆ ਕਰਦੇ ਰਹੇ। ਉਨ੍ਹਾਂ ਕਿਹਾ ਕਿ ਅਜਿਹੇ ਪਰਉਪਕਾਰੀ, ਨਿਸ਼ਕਾਮ ਸੇਵਕ ਵਰਗੀਆਂ ਨਿਰਮਲ ਰੂਹਾਂ ਬਹੁਤ ਘੱਟ ਮਿਲਦੀਆਂ ਹਨ। ਉਨ੍ਹਾਂ ਕਿਹਾ ਕਿ ਭਾਈ ਜਸਬੀਰ ਸਿੰਘ ਖਾਲਸਾ ਨੇ ਮਾਇਆ ਤੋਂ ਨਿਰਲੇਪ ਹੋ ਪਾਵਨ ਗੁਰਬਾਣੀ ਦੇ ਕੀਰਤਨ ਤੇ ਕਥਾ ਵਿਖਿਆਨਾਂ ਰਾਹੀਂ ਸੰਗਤਾਂ ਨੂੰ ਗੁਰੂ ਨਾਲ ਜੋੜਣ ਲਈ ਵੱਡਾ ਯੋਗਦਾਨ ਪਾਇਆ। ਜਿਸ ਦੇ ਸਨਮਾਨ ਵਜੋਂ ਉਨ੍ਹਾਂ ਨੂੰ ਸਿੱਖ ਜਗਤ ਦੀ ਸਰਵਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ 'ਪੰਥ ਰਤਨ' ਦੀ ਉਪਾਧੀ ਪ੍ਰਦਾਨ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਅਜੋਕੇ ਯੁਗ ਵਿਚ ਗੁਰਬਾਣੀ ਦਾ ਸ਼ੁੱਧ ਉਚਾਰਨ ਵਾਲੇ ਗ੍ਰੰਥੀਆਂ ਦੀ ਘਾਟ ਮਹਿਸੂਸ ਹੋ ਰਹੀ ਹੈ। ਇਸ ਲਈ ਪਾਵਨ ਬਾਣੀ ਦੇ ਸ਼ੁੱਧ ਉਚਾਰਨ ਵਾਲੇ ਗ੍ਰੰਥੀਆਂ ਦਾ ਵੀ ਸਨਮਾਨ ਕੀਤੇ ਜਾਣ ਦੀ ਪ੍ਰੰਪਰਾ ਤੋਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਗ੍ਰੰਥੀ ਸਿੰਘ ਗੁਰਬਾਣੀ ਦੇ ਸ਼ੁੱਧ ਉਚਾਰਨ 'ਚ ਇੰਨੇ ਪ੍ਰਪੱਕ ਹੋਣ ਕਿ ਅਤੇ ਗੁਰੂ ਗ੍ਰੰਥ ਸਾਹਿਬ 'ਚ ਦਰਜ ਬਾਣੀ ਨੂੰ ਉਸੇ ਰਾਗ ਵਿਚ ਹੀ ਉਚਾਰਨ ਕਰ ਜਿਸ ਰਾਗ ਬਾਣੀ ਵਿਚ ਦਰਜ ਹੈ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਭਾਈ ਜਸਬੀਰ ਸਿੰਘ ਖਾਲਸਾ ਨੂੰ 'ਪੰਥ ਰਤਨ' ਦੀ ਉਪਾਧੀ ਦੇ ਰੂਪ ਵਿਚ ਉਨ੍ਹਾਂ ਦੀ ਧਰਮ ਪਤਨੀ ਬੀਬੀ ਦਲਜੀਤ ਕੌਰ ਨੂੰ ਚਾਂਦੀ ਦੀ ਤਸ਼ਤਰੀ, ਸ੍ਰੀ ਸਾਹਿਬ, ਸਿਰੋਪਾਓ ਅਤੇ ਪੰਜ ਲੱਖ ਰੁਪੈ ਦਾ ਚੈਕ ਸਨਮਾਨ ਵਜੋਂ ਭੇਟ ਕੀਤਾ ਅਤੇ ਉਨ੍ਹਾਂ ਦੇ ਬੇਟੇ ਸ. ਜਗਮੋਹਨ ਸਿੰਘ ਤੇ ਸ. ਜਤਿੰਦਰ ਮੋਹਨ ਸਿੰਘ ਨੂੰ ਵੀ ਸਿਰੋਪਾਓ ਭੇਟ ਕੀਤੇ।

ਇਸ ਤੋਂ ਪਹਿਲਾਂ ਸਜੇ ਦੀਵਾਨ 'ਚ ਭਾਈ ਦਵਿੰਦਰ ਸਿੰਘ ਖੰਨੇਵਾਲੇ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਲਦੇਵ ਸਿੰਘ ਦੇ ਜਥੇ ਨੇ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਤਰਲੋਚਨ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਵੰਤ ਸਿੰਘ ਨੰਦਗੜ੍ਹ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ, ਐਡੀਸ਼ਨਲ ਹੈੱਡ ਗ੍ਰੰਥੀ ਗਿਆਨੀ ਮੋਹਨ ਸਿੰਘ, ਗ੍ਰੰਥੀ ਸਿੰਘ ਸਾਹਿਬ ਗਿਆਨੀ ਮੱਲ ਸਿੰਘ ਤੇ ਸਿੰਘ ਸਾਹਿਬ ਗਿਆਨੀ ਜਸਵਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਸੁਖਦੇਵ ਸਿੰਘ ਭੌਰ, ਅੰਤ੍ਰਿੰਗ ਮੈਂਬਰ ਸ. ਰਾਜਿੰਦਰ ਸਿੰਘ ਮਹਿਤਾ, ਮੈਂਬਰ ਸ਼੍ਰੋਮਣੀ ਕਮੇਟੀ ਸ. ਸੂਬਾ ਸਿੰਘ ਡੱਬਵਾਲਾ, ਸ. ਅਮਰੀਕ ਸਿੰਘ ਸ਼ਾਹਪੁਰ ਗਰਾਇਆਂ, ਸ. ਕਰਨੈਲ ਸਿੰਘ ਪੰਜੋਲੀ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਹਰਦਲਬੀਰ ਸਿਘ ਸ਼ਾਹ, ਸ. ਇੰਦਰਜੀਤ ਸਿੰਘ ਬਿੱਟੂ ਨਿਸ਼ਕਾਮ ਸੇਵਕ ਜਥਾ ਯੂ.ਕੇ, ਡਾ: ਜਸਬੀਰ ਸਿੰਘ ਸਾਬਰ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਹਰਬੇਅੰਤ ਸਿੰਘ, ਸ. ਦਲਮੇਘ ਸਿੰਘ, ਸ. ਵਰਿਆਮ ਸਿੰਘ, ਐਡੀਸ਼ਨਲ ਸਕੱਤਰ ਸ. ਰੂਪ ਸਿੰਘ, ਸ. ਜੋਗਿੰਦਰ ਸਿੰਘ ਅਦਲੀਵਾਲ, ਸ. ਰਣਵੀਰ ਸਿੰਘ, ਮੀਤ ਸਕੱਤਰ ਸ. ਦਿਲਜੀਤ ਸਿੰਘ, ਸ. ਸਤਿਬੀਰ ਸਿੰਘ, ਸ. ਮਹਿੰਦਰ ਸਿੰਘ, ਸ. ਹਰਭਜਨ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ, ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦੇ ਸਵ: ਭਾਈ ਜਸਬੀਰ ਸਿੰਘ ਖਾਲਸਾ ਖੰਨੇਵਾਲਿਆਂ ਦੇ ਰਿਸ਼ਤੇਦਾਰ, ਸੱਜਣ, ਮਿੱਤਰ ਤੇ ਸੰਗਤਾਂ ਮੌਜੂਦ ਸਨ।